ਸਿਰੀਰਾਗੁ ਮਹਲਾ ੪ ॥ ਦਿਨਸੁ ਚੜੈ ਫਿਰਿ ਆਥਵੈ ਰੈਣਿ ਸਬਾਈ ਜਾਇ ॥ ਆਵ ਘਟੈ ਨਰੁ ਨਾ ਬੁਝੈ ਨਿਤਿ ਮੂਸਾ ਲਾਜੁ ਟੁਕਾਇ ॥ ਗੁੜੁ ਮਿਠਾ ਮਾਇਆ ਪਸਰਿਆ ਮਨਮੁਖੁ ਲਗਿ ਮਾਖੀ ਪਚੈ ਪਚਾਇ ॥੧॥ ਭਾਈ ਰੇ ਮੈ ਮੀਤੁ ਸਖਾ ਪ੍ਰਭੁ ਸੋਇ ॥ ਪੁਤੁ ਕਲਤੁ ਮੋਹੁ ਬਿਖੁ ਹੈ ਅੰਤਿ ਬੇਲੀ ਕੋਇ ਨ ਹੋਇ ॥੧॥ ਰਹਾਉ ॥ ਗੁਰਮਤਿ ਹਰਿ ਲਿਵ ਉਬਰੇ ਅਲਿਪਤੁ ਰਹੇ ਸਰਣਾਇ ॥ ਓਨੀ ਚਲਣੁ ਸਦਾ ਨਿਹਾਲਿਆ ਹਰਿ ਖਰਚੁ ਲੀਆ ਪਤਿ ਪਾਇ ॥ ਗੁਰਮੁਖਿ ਦਰਗਹ ਮੰਨੀਅਹਿ ਹਰਿ ਆਪਿ ਲਏ ਗਲਿ ਲਾਇ ॥੨॥ ਗੁਰਮੁਖਾ ਨੋ ਪੰਥੁ ਪਰਗਟਾ ਦਰਿ ਠਾਕ ਨ ਕੋਈ ਪਾਇ ॥ ਹਰਿ ਨਾਮੁ ਸਲਾਹਨਿ ਨਾਮੁ ਮਨਿ ਨਾਮਿ ਰਹਨਿ ਲਿਵ ਲਾਇ ॥ ਅਨਹਦ ਧੁਨੀ ਦਰਿ ਵਜਦੇ ਦਰਿ ਸਚੈ ਸੋਭਾ ਪਾਇ ॥੩॥ ਜਿਨੀ ਗੁਰਮੁਖਿ ਨਾਮੁ ਸਲਾਹਿਆ ਤਿਨਾ ਸਭ ਕੋ ਕਹੈ ਸਾਬਾਸਿ ॥ ਤਿਨ ਕੀ ਸੰਗਤਿ ਦੇਹਿ ਪ੍ਰਭ ਮੈ ਜਾਚਿਕ ਕੀ ਅਰਦਾਸਿ ॥ ਨਾਨਕ ਭਾਗ ਵਡੇ ਤਿਨਾ ਗੁਰਮੁਖਾ ਜਿਨ ਅੰਤਰਿ ਨਾਮੁ ਪਰਗਾਸਿ ॥੪॥੩੩॥੩੧॥੬॥੭੦॥ {ਪੰਨਾ 41-42}

ਪਦਅਰਥ:- ਆਥਵੈ—ਡੁੱਬ ਜਾਂਦਾ ਹੈ। ਰੈਣਿ—ਰਾਤ। ਸਬਾਈ—ਸਾਰੀ। ਆਂਵ—ਉਮਰ। ਨਰੁ—ਮਨੁੱਖ। ਨਿਤਿ—ਸਦਾ। ਮੂਸਾ—ਚੂਹਾ। ਲਾਜੁ—{l^ju} ਰੱਸੀ। ਪਸਰਿਆ—ਖਿਲਰਿਆ ਹੋਇਆ ਹੈ, ਪ੍ਰਭਾਵ ਪਾ ਰਿਹਾ ਹੈ। ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ। ਪਚੈ ਪਚਾਇ—ਖ਼ੁਆਰ ਹੁੰਦਾ ਹੈ।1।

ਮੈ—ਮੇਰੇ ਵਾਸਤੇ, ਮੇਰਾ। ਸਖਾ—ਸਾਥੀ, ਮਿੱਤਰ। ਕਲਤੁ—{kl>} ਇਸਤ੍ਰੀ, ਵਹੁਟੀ। ਬਿਖੁ—ਜ਼ਹਰ।1। ਰਹਾਉ।

ਉਬਰੇ—ਬਚ ਜਾਂਦੇ ਹਨ। ਅਲਿਪਤੁ—ਨਿਰਲੇਪ। ਓਨੀ—ਉਹਨਾਂ ਨੇ। ਨਿਹਾਲਿਆ—ਵੇਖ ਲਿਆ ਹੈ। ਪਤਿ—ਇੱਜ਼ਤ। ਮੰਨੀਅਹਿ—ਮੰਨੇ ਜਾਂਦੇ ਹਨ। ਗਲਿ—ਗਲ ਨਾਲ।2।

ਪੰਥੁ—ਰਸਤਾ। ਪਰਗਟਾ—ਸਾਫ਼। ਦਰਿ—ਦਰ ਤੇ। ਠਾਕ—ਰੁਕਾਵਟ। ਸਲਾਹਨਿ—ਸਲਾਹੁੰਦੇ ਹਨ। ਮਨਿ—ਮਨ ਵਿਚ। ਨਾਮਿ—ਨਾਮ ਵਿਚ। ਅਨਹਦ ਧੁਨੀ—ਇਕ-ਰਸ ਸੁਰ ਨਾਲ ਵੱਜਣ ਵਾਲੇ। ਅਨਹਦ—{Anwhq} ਬਿਨਾ ਵਜਾਏ ਵੱਜਣ ਵਾਲੇ। ਦਰਿ—(ਉਹਨਾਂ ਦੇ) ਦਰ ਤੇ, ਉਹਨਾਂ ਦੇ ਹਿਰਦੇ ਵਿਚ।3।

ਕਹੈ ਸਾਬਾਸਿ—ਸ਼ਾਬਾਸ਼ੇ ਆਖਦਾ ਹੈ, ਵਡਿਆਉਂਦਾ ਹੈ, ਆਦਰ ਦੇਂਦਾ ਹੈ। ਪ੍ਰਭ—ਹੇ ਪ੍ਰਭੂ! ਜਾਚਕਿ—ਮੰਗਤਾ। ਪਰਗਾਸਿ—ਪਰਗਾਸੇ, ਚਾਨਣ ਕਰਦਾ ਹੈ।4।

ਅਰਥ:- ਹੇ ਭਾਈ! ਮੇਰੇ ਵਾਸਤੇ ਤਾਂ ਉਹ ਪਰਮਾਤਮਾ ਹੀ ਮਿੱਤਰ ਹੈ, ਸਾਥੀ ਹੈ। ਪੁੱਤਰ (ਦਾ) ਇਸਤ੍ਰੀ (ਦਾ) ਮੋਹ ਜ਼ਹਰ ਹੈ (ਜੋ ਆਤਮਕ ਜੀਵਨ ਨੂੰ ਮੁਕਾ ਦੇਂਦਾ ਹੈ, ਅਤੇ ਪੁੱਤਰ ਇਸਤ੍ਰੀ ਆਦਿਕ ਵਿਚੋਂ) ਅੰਤ ਵੇਲੇ ਕੋਈ ਸਾਥੀ (ਭੀ) ਨਹੀਂ ਬਣਦਾ।1। ਰਹਾਉ।

ਦਿਨ ਚੜ੍ਹਦਾ ਹੈ ਫਿਰ ਡੁੱਬ ਜਾਂਦਾ ਹੈ, ਸਾਰੀ ਰਾਤ ਭੀ ਲੰਘ ਜਾਂਦੀ ਹੈ (ਇਸ ਕਰਕੇ ਤਰ੍ਹਾਂ ਸਹਜੇ ਸਹਜੇ) ਉਹ ਘਟਦੀ ਜਾਂਦੀ ਹੈ ਪਰ ਮਨੁੱਖ ਸਮਝਦਾ ਨਹੀਂ (ਗੁਜ਼ਰਦਾ ਸਮਾ ਮਨੁੱਖ ਦੀ ਉਮਰ ਨੂੰ ਇਉਂ ਕੱਟਦਾ ਜਾ ਰਿਹਾ ਹੈ ਜਿਵੇਂ) ਚੂਹਾ ਸਦਾ ਰੱਸੀ ਨੂੰ ਟੁੱਕਦਾ ਜਾਂਦਾ ਹੈ। (ਜਿਵੇਂ) ਗੁੜ (ਜੀਵਾਂ ਨੂੰ) ਮਿੱਠਾ (ਲੱਗਦਾ ਹੈ, ਤਿਵੇਂ) ਮਾਇਆ ਦਾ ਮਿੱਠਾ ਮੋਹ ਪ੍ਰਭਾਵ ਪਾ ਰਿਹਾ ਹੈ। ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਮਾਇਆ ਦੀ ਮਿਠਾਸ ਵਿਚ ਫਸ ਕੇ ਖ਼ੁਆਰ ਹੁੰਦਾ ਹੈ ਜਿਵੇਂ ਮੱਖੀ ਗੁੜ ਉਤੇ ਚੰਬੜ ਕੇ ਮਰ ਜਾਂਦੀ ਹੈ।1।

(ਜੇਹੜੇ ਮਨੁੱਖ ਗੁਰੂ ਦੀ ਮਤਿ ਲੈ ਕੇ ਪਰਮਾਤਮਾ ਵਿਚ ਸੁਰਤਿ ਜੋੜਦੇ ਹਨ ਉਹ (ਇਸ ਮੌਤ ਤੋਂ) ਬਚ ਜਾਂਦੇ ਹਨ, ਪ੍ਰਭੂ ਦੀ ਸਰਨ ਪੈ ਕੇ ਉਹ ਨਿਰਲੇਪ ਰਹਿੰਦੇ ਹਨ। ਉਹਨਾਂ ਮਨੁੱਖਾਂ ਨੇ (ਜਗਤ ਤੋਂ ਆਖ਼ਰ) ਚਲੇ ਜਾਣ ਨੂੰ ਸਦਾ (ਸਾਹਮਣੇ) ਵੇਖਿਆ ਹੈ, ਉਹਨਾਂ ਨੇ ਪਰਮਾਤਮਾ ਦਾ ਨਾਮ (ਜੀਵਨ-ਸਫ਼ਰ ਵਾਸਤੇ) ਖ਼ਰਚ ਇਕੱਠਾ ਕੀਤਾ ਹੈ ਤੇ

(ਲੋਕ ਪਰਲੋਕ ਵਿਚ) ਇੱਜ਼ਤ ਪਾਈ ਹੈ। ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਪ੍ਰਭੂ ਦੀ ਹਜ਼ੂਰੀ ਵਿਚ ਸਤਕਾਰੇ ਜਾਂਦੇ ਹਨ, ਪਰਮਾਤਮਾ ਆਪ ਉਹਨਾਂ ਨੂੰ ਆਪਣੇ ਗਲ ਲਾਂਦਾ ਹੈ।2।

ਗੁਰੂ ਦੇ ਸਨਮੁਖ ਰਹਿਣ ਵਾਲੇ ਬੰਦਿਆਂ ਨੂੰ (ਜੀਵਨ ਦਾ) ਰਸਤਾ ਸਾਫ਼ ਪੱਧਰਾ ਦਿੱਸਦਾ ਹੈ, ਪਰਮਾਤਮਾ ਦੇ ਦਰ ਤੇ ਉਹਨਾਂ ਦੇ ਪਹੁੰਚਣ ਦੇ ਰਾਹ ਵਿਚ ਕੋਈ ਰੁਕਾਵਟ ਨਹੀਂ ਪਾਂਦਾ। ਉਹ ਪਰਮਾਤਮਾ ਦੇ ਨਾਮ ਦੀ ਸਿਫ਼ਤਿ-ਸਾਲਾਹ ਕਰਦੇ ਰਹਿੰਦੇ ਹਨ, ਪਰਮਾਤਮਾ ਦਾ ਨਾਮ ਉਹਨਾਂ ਦੇ ਮਨ ਵਿਚ ਵੱਸਦਾ ਰਹਿੰਦਾ ਹੈ, ਉਹ ਸਦਾ ਪ੍ਰਭੂ-ਨਾਮ ਵਿਚ ਸੁਰਤਿ ਜੋੜੀ ਰੱਖਦੇ ਹਨ। ਉਹਨਾਂ ਦੇ ਅੰਦਰ ਇਕ-ਰਸ ਸੁਰ ਨਾਲ ਪ੍ਰਭੂ ਦੀ ਸਿਫ਼ਤਿ ਦੇ (ਮਾਨੋ, ਵਾਜੇ) ਵੱਜਦੇ ਰਹਿੰਦੇ ਹਨ। ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਦਰ ਤੇ ਉਹਨਾਂ ਨੂੰ ਸੋਭਾ ਮਿਲਦੀ ਹੈ।3।

ਜਿਨ੍ਹਾਂ ਮਨੁੱਖਾਂ ਨੇ ਗੁਰੂ ਦੇ ਸਨਮੁਖ ਹੋ ਕੇ ਪਰਮਾਤਮਾ ਦੇ ਨਾਮ ਦੀ ਸਿਫ਼ਤਿ-ਸਾਲਾਹ ਕੀਤੀ ਹੈ, ਹਰ ਕੋਈ ਉਹਨਾਂ ਨੂੰ ਵਾਹ ਵਾਹ ਆਖਦਾ ਹੈ। ਹੇ ਪ੍ਰਭੂ! ਮੈਂ ਮੰਗਤੇ ਦੀ ਤੇਰੇ ਅੱਗੇ ਅਰਜ਼ੋਈ ਹੈ ਕਿ ਮੈਨੂੰ ਉਹਨਾਂ ਦੀ ਸੰਗਤਿ ਬਖ਼ਸ਼।

ਹੇ ਨਾਨਕ! ਗੁਰੂ ਦੇ ਸਨਮੁਖ ਰਹਿਣ ਵਾਲੇ ਉਹਨਾਂ ਮਨੁੱਖਾਂ ਦੇ ਵੱਡੇ ਭਾਗ ਜਾਗ ਪੈਂਦੇ ਹਨ, ਜਿਨ੍ਹਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ (ਆਤਮਕ) ਚਾਨਣ ਪੈਦਾ ਕਰ ਦੇਂਦਾ ਹੈ।4। 33। 31।6। 70।

ਨੋਟ:- ਗੁਰੂ ਨਾਨਕ ਦੇਵ ਜੀ ਦੇ ਸ਼ਬਦ . . . . 33
. . . .ਗੁਰੂ ਅਮਰ ਦਾਸ ਜੀ ਦੇ ਸ਼ਬਦ . . . . .31
ਗੁਰੂ ਰਾਮ ਦਾਸ ਜੀ ਦੇ ਸ਼ਬਦ . . . . . . 6
. . . . . . . . . . . . . . . . . . . . . . . . ——:
. . . . ਜੋੜ . . . . . . . . . . . . . . . . . . 70